ਗਉੜੀ ਮਹਲਾ ੫ ॥ ਧਨੁ ਓਹੁ ਮਸਤਕੁ ਧਨੁ ਤੇਰੇ ਨੇਤ ॥ ਧਨੁ ਓਇ ਭਗਤ ਜਿਨ ਤੁਮ ਸੰਗਿ ਹੇਤ ॥੧॥ ਨਾਮ ਬਿਨਾ ਕੈਸੇ ਸੁਖੁ ਲਹੀਐ ॥ ਰਸਨਾ ਰਾਮ ਨਾਮ ਜਸੁ ਕਹੀਐ ॥ ੧॥ ਰਹਾਉ ॥ ਤਿਨ ਊਪਰਿ ਜਾਈਐ ਕੁਰਬਾਣੁ ॥ ਨਾਨਕ ਜਿਨਿ ਜਪਿਆ ਨਿਰਬਾਣੁ ॥੨॥੧੦੪॥੧੭੩॥

ਪਦਅਰਥ:- ਧਨੁ—ਭਾਗਾਂ ਵਾਲਾ। ਮਸਤਕੁ—ਮੱਥਾ। ਧਨੁ ਨੇਤ—ਭਾਗਾਂ ਵਾਲੇ ਹਨ ਉਹ ਨੇਤਰ। ਨੇਤ—ਅੱਖਾਂ। ਤੇਰੇ—(ਜੋ) ਤੇਰੇ (ਦੀਦਾਰ ਵਿਚ ਮਸਤ ਹਨ)। ਓਇ—{ਲਫ਼ਜ਼ 'ਓਹੁ' ਤੋਂ ਬਹੁ-ਵਚਨ}। ਤੁਮ ਸੰਗਿ—ਤੇਰੇ ਨਾਲ। ਹੇਤ—ਹਿਤ, ਪਿਆਰ।1।

ਕੈਸੇ ਲਹੀਐ—ਕਿਵੇਂ ਲੱਭ ਸਕਦਾ ਹੈ? ਕਦੇ ਨਹੀਂ ਲੱਭ ਸਕਦਾ। ਰਸਨਾ—ਜੀਭ (ਨਾਲ)। ਜਸੁ—ਸਿਫ਼ਤਿ-ਸਾਲਾਹ। ਕਹੀਐ—ਕਹਿਣਾ ਚਾਹੀਦਾ ਹੈ।1। ਰਹਾਉ।

ਜਾਈਐ—ਜਾਣਾ ਚਾਹੀਦਾ ਹੈ। ਜਿਨਿ—ਜਿਸ ਨੇ {ਨੋਟ:- ਲਫ਼ਜ਼ 'ਜਿਨ' ਬਹੁ-ਵਚਨ ਹੈ। ਲਫ਼ਜ਼ 'ਜਿਨਿ' ਇਕ-ਵਚਨ ਹੈ}। ਨਿਰਬਾਣੁ—ਵਾਸਨਾ-ਰਹਿਤ, ਜਿਸ ਨੂੰ ਕੋਈ ਵਾਸਨਾ ਪੋਹ ਨ ਸਕੇ।2।

ਅਰਥ:- (ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕਦੇ ਸੁਖ ਨਹੀਂ ਮਿਲ ਸਕਦਾ। (ਇਸ ਵਾਸਤੇ ਸਦਾ) ਜੀਭ ਨਾਲ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ।1। ਰਹਾਉ।

(ਹੇ ਪ੍ਰਭੂ!) ਭਾਗਾਂ ਵਾਲਾ ਹੈ ਉਹ ਮੱਥਾ (ਜੇਹੜਾ ਤੇਰੇ ਦਰ ਤੇ ਨਿਉਂਦਾ ਹੈ) ਭਾਗਾਂ ਵਾਲੀਆਂ ਹਨ ਉਹ ਅੱਖਾਂ (ਜੋ) ਤੇਰੇ (ਦੀਦਾਰ ਵਿਚ ਮਸਤ ਰਹਿੰਦੀਆਂ ਹਨ)। ਭਾਗਾਂ ਵਾਲੇ ਹਨ ਉਹ ਭਗਤ ਜਨ ਜਿਨ੍ਹਾਂ ਦਾ ਤੇਰੇ ਨਾਲ ਪ੍ਰੇਮ ਬਣਿਆ ਰਹਿੰਦਾ ਹੈ।1।

ਹੇ ਨਾਨਕ! (ਆਖ—ਹੇ ਭਾਈ!) ਜਿਸ ਜਿਸ ਨੇ ਵਾਸਨਾ-ਰਹਿਤ ਪ੍ਰਭੂ ਦਾ ਨਾਮ ਜਪਿਆ ਹੈ, ਉਹਨਾਂ ਉਤੋਂ (ਸਦਾ) ਸਦਕੇ ਜਾਣਾ ਚਾਹੀਦਾ ਹੈ।2। 104। 173।